# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13-10**

**ਮਿਤੀ : 23-06-2025**

ਲੁਧਿਆਣਾ ਪੱਛਮੀ ਵਿਧਾਨ ਸਭਾ ਲਈ ਵੋਟਾਂ ਦੀ ਗਿਣਤੀ, ਖਾਲਸਾ ਕਾਲਜ ਫਾਰ ਵੂਮਨ ਵਿਖੇ ਹੋ ਰਹੀ ਏ ਅਤੇ ਇਸ ਨੂੰ ਪੂਰਾ ਕਰਨ ਲਈ 14 ਗੇੜ ਲੱਗਣਗੇ। ਲੁਧਿਆਣਾ ਤੋਂ ਸਾਡੇ ਪੱਤਰਕਾਰ ਨੇ ਦਸਿਆ ਏ ਕਿ 10ਵੇਂ ਗੇੜ ਤੱਕ, ਆਮ ਆਦਮੀ ਪਾਰਟੀ ਦੇ ਸੰਜੀਵ ਅਰੋੜਾ 24 ਹਜ਼ਾਰ 884 ਵੋਟਾਂ ਨਾਲ ਅੱਗੇ ਚੱਲ ਰਹੇ ਨੇ, ਜਦਕਿ ਇੰਡੀਅਨ ਨੈਸ਼ਨਲ ਕਾਂਗਰਸ ਦੇ ਭਾਰਤ ਭੂਸ਼ਨ ਆਸ਼ੂ 18 ਹਜ਼ਾਰ 862 ਵੋਟਾਂ ਨਾਲ ਦੂਜੇ ਅਤੇ ਭਾਰਤੀ ਜਨਤਾ ਪਾਰਟੀ ਦੇ ਜੀਵਨ ਗੁਪਤਾ 15 ਹਜ਼ਾਰ 81 ਵੋਟਾਂ ਨਾਲ ਤੀਜੇ ਨੰਬਰ ਤੇ ਚੱਲ ਰਹੇ ਨੇ ਈ ਸ਼੍ਰੋਮਣੀ ਅਕਾਲੀ ਦਲ ਦੇ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ 5234 ਵੋਟ ਤੇ ਨੇ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗਿਣਤੀ ਕੇਂਦਰ 'ਤੇ ਲੋੜੀਂਦੀ ਪੁਲਿਸ ਤਾਇਨਾਤੀ ਦੇ ਨਾਲ

ਮਜ਼ਬੂਤ ਸੁਰੱਖਿਆ ਸਮੇਤ ਵਿਆਪਕ ਉਪਾਅ ਲਾਗੂ ਕੀਤੇ ਗਏ ਨੇ । ਜ਼ਿਮਨੀ ਚੋਣ ਲਈ ਵੋਟਾਂ 19 ਜੂਨ ਨੂੰ ਪਾਈਆਂ ਸਨ।

---------------------------------------------------------

ਵਿਦੇਸ਼ ਰਾਜ ਮੰਤਰੀ ਪਬਿਤਰਾ ਮਾਰਗੇਰੀਟਾ ਨੇ ਬੀਤੀ ਰਾਤ ਈਰਾਨ ਦੇ ਮਸ਼ਹਦ ਤੋਂ ਇੱਕ ਵਿਸ਼ੇਸ਼ ਉਡਾਣ ਰਾਹੀਂ ਨਵੀਂ ਦਿੱਲੀ ਪਹੁੰਚੇ 285 ਭਾਰਤੀ ਨਾਗਰਿਕਾਂ ਦੀ ਅਗਵਾਈ ਕੀਤੀ । ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਧੂ ਤਹਿਤ ਹੁਣ ਤੱਕ ਇਕ ਹਜ਼ਾਰ 713 ਭਾਰਤੀਆਂ ਨੂੰ ਈਰਾਨ ਤੋਂ ਸੁਰੱਖਿਅਤ ਵਾਪਸ ਲਿਆਂਦਾ ਗਿਆ ਏ। ਉਨ੍ਹਾਂ ਦੱਸਿਆ ਕਿ ਅਗਲੇ ਦੋ ਦਿਨਾਂ ਵਿੱਚ ਈਰਾਨ ਤੋਂ 2 ਤੋਂ 3 ਹੋਰ ਉਡਾਣਾਂ ਨਿਰਧਾਰਿਤ ਕੀਤੀਆਂ ਗਈਆਂ ਨੇ। ਸ਼੍ਰੀ ਮਾਰਗੇਰੀਟਾ ਨੇ ਕਿਹਾ ਕਿ ਮੰਤਰਾਲਾ ਈਰਾਨ ਅਤੇ ਇਜ਼ਰਾਈਲ ਵਿੱਚ ਸਾਰੇ ਭਾਰਤੀ ਨਾਗਰਿਕਾਂ ਨਾਲ ਨਿਰੰਤਰ ਸੰਪਰਕ ਵਿੱਚ ਏ। ਈਰਾਨ ਵਿੱਚ ਭਾਰਤੀ ਦੂਤਾਘਰ ਵੱਡੀ ਗਿਣਤੀ ਵਿੱਚ ਭਾਰਤੀ ਨਾਗਰਿਕਾਂ ਨੂੰ ਸੁਰੱਖਿਅਤ ਖੇਤਰਾਂ ਵਿੱਚ ਭੇਜਣ ਅਤੇ ਉਨ੍ਹਾਂ ਨੂੰ ਘਰ ਵਾਪਸ ਲਿਆਉਣ ਵਿੱਚ ਸਹਾਇਤਾ ਕਰ ਰਿਹਾ ਏ । ਈਰਾਨ ਵਿੱਚ ਭਾਰਤੀਆਂ ਨੂੰ ਤਹਿਰਾਨ ਵਿੱਚ ਭਾਰਤੀ ਦੂਤਾਘਰ ਦੀ ਐਮਰਜੈਂਸੀ

ਹੈਲਪਲਾਈਨ ਅਤੇ ਨਵੀਂ ਦਿੱਲੀ ਵਿੱਚ ਵਿਦੇਸ਼ ਮੰਤਰਾਲੇ ਦੇ ਕੰਟਰੋਲ ਰੂਮ ਦੇ ਸੰਪਰਕ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਏ।

-------------------------------------------------------

ਰਾਸ਼ਟਰ ਅੱਜ ਭਾਰਤੀ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਦਿੱਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਬੇਮਿਸਾਲ ਹਿੰਮਤ ਦਿਖਾਈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ। BJP ਦੇ ਰਾਸ਼ਟਰੀ ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਵੀਂ ਦਿੱਲੀ ਸਥਿਤ ਪਾਰਟੀ ਹੈੱਡਕੁਆਰਟਰ ਵਿਖੇ ਡਾ. ਮੁਖਰਜੀ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼੍ਰੀ ਨੱਡਾ ਨੇ ਕਿਹਾ ਕਿ ਦੇਸ਼ ਭਰ ਦੇ BJP ਵਰਕਰ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 72ਵੀਂ ਬਰਸੀ ਮਨਾਉਣ ਲਈ ਪ੍ਰੋਗਰਾਮ ਆਯੋਜਿਤ ਕਰ ਰਹੇ ਨੇ। ਡਾ. ਸ਼ਿਆਮਾ

ਪ੍ਰਸਾਦ ਮੁਖਰਜੀ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ, ਸ੍ਰੀ ਨੱਡਾ ਨੇ ਕਿਹਾ।

**BYTE:**

---------------------------------------------------------------

ਓਧਰ ਪਠਾਨਕੋਟ ਵਿਖੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ 72ਵਾਂ ਬਲਿਦਾਨ ਦਿਵਸ ਅੱਜ ਮਾਧੋਪੁਰ ਦੇ ਏਕਤਾ ਸਥਲ ਸਥਿਤ ਸ਼ਿਆਮਾ ਪ੍ਰਸਾਦ ਮੁਖਰਜੀ ਮੈਮੋਰੀਅਲ ਵਿਖੇ ਮਨਾਇਆ ਗਿਆ। ਇਸ ਦੌਰਾਨ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਅਤੇ ਹੋਰਨਾਂ ਨੇ ਪ੍ਰੋਗਰਾਮ ਵਿਚ ਸ਼ਿਰਕਤ ਕੀਤੀ। ਇਸ ਮੌਕੇ ਮਨੋਰੰਜਨ ਕਾਲੀਆ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ। ਸਾਰੇ ਆਗੂਆਂ ਨੇ ਡਾ. ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕੀਤੀ।

---------------------------------------------------------------

ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਅਸ਼ਲੀਲ

ਸਮੱਗਰੀ ਦੇ ਵਧ ਰਹੇ ਰੁਝਾਨ ’ਤੇ ਗੰਭੀਰ ਚਿੰਤਾ ਜਤਾਈ ਏ ਜੋ ਕਿ ਬੱਚਿਆਂ ਦੀ ਮਨੋਵਿਗਿਆਨਕ ਅਤੇ ਸਮਾਜਿਕ ਸਿਹਤ ਲਈ ਸਿੱਧਾ ਖ਼ਤਰਾ ਬਣ ਰਹੀ ਏ । ਡਾ ਬਲਜੀਤ ਕੌਰ ਨੇ ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵੱਲੋਂ ਸੋਸ਼ਲ ਮੀਡੀਆ ’ਤੇ ਅਜਿਹੀ ਸਮੱਗਰੀ ਪੋਸਟ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਨ ਲਈ, ਸਾਇਬਰ ਕ੍ਰਾਈਮ ਅਪਰਾਧ ਦੇ ਏ.ਡੀ.ਜੀ.ਪੀ ਨੂੰ ਜਾਰੀ ਕੀਤੇ ਹੁਕਮ ਦਾ ਸਵਾਗਤ ਕੀਤਾ । ਉਂਨਾ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਉਹ ਆਪਣੇ ਪੱਧਰ ’ਤੇ ਸੋਸ਼ਲ ਮੀਡੀਆ ਉੱਤੇ ਚੱਲ ਰਹੀ ਅਜਿਹੀ ਅਸ਼ਲੀਲ ਸਮੱਗਰੀ ’ਤੇ ਨਜ਼ਰ ਰੱਖਣ। ਜੇਕਰ ਕਿਸੇ ਵੀ ਕਿਸਮ ਦੀ ਸ਼ਿਕਾਇਤ ਜਾਂ ਜਾਣਕਾਰੀ ਮਿਲਦੀ ਏ , ਤਾਂ ਤੁਰੰਤ ਪੁਲਿਸ ਅਤੇ ਬਾਲ ਅਧਿਕਾਰ ਕਮਿਸ਼ਨ ਨੂੰ ਜਾਣੂ ਕਰਵਾ ਕੇ ਸਥਾਨਕ ਪੱਧਰ ’ਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਮਾਪਿਆਂ, ਅਧਿਆਪਕਾਂ ਅਤੇ ਨੌਜਵਾਨਾਂ ਨੂੰ ਸੁਚੇਤ ਕੀਤਾ ਜਾਵੇ। ਬੱਚਿਆਂ ਲਈ ਸੁਰੱਖਿਅਤ ਵਾਤਾਵਰਣ ਅਤੇ ਉਹਨਾਂ ਦੇ ਸਰਵਪੱਖੀ ਵਿਕਾਸ ਲਈ ਡਾ. ਬਲਜੀਤ ਕੌਰ ਨੇ ਕਿਹਾ ਕਿ ਜੋ ਵੀ ਤੱਤ ਬੱਚਿਆਂ ਦੀ ਮਾਨਸਿਕਤਾ ਉੱਤੇ ਮਾੜਾ ਅਸਰ ਪਾਉਂਦੇ ਨੇ , ਉਹਨਾਂ ਨੂੰ ਕਿਸੇ ਵੀ

ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਹੋਵੇਗੀ। ਡਾ. ਬਲਜੀਤ ਕੌਰ ਨੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਸੋਸ਼ਲ ਮੀਡੀਆ ਉੱਤੇ ਅਜਿਹੀ ਸਮੱਗਰੀ ਦੀ ਸਖ਼ਤ ਨਿਗਰਾਨੀ ਕੀਤੀ ਜਾਵੇ।

---------------------------------------------------------

ਰੱਖਿਆ ਨਵੀਨਤਾ ਅਤੇ ਆਤਮ-ਨਿਰਭਰ ਭਾਰਤ ਨੂੰ ਉਤਸ਼ਾਹਿਤ ਕਰਦਿਆਂ, ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ, ਜੀ.ਓ.ਸੀ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਦੀ ਅਗਵਾਈ ਹੇਠ, ਦੋ ਪ੍ਰਮੁੱਖ ਸੰਸਥਾਵਾਂ - ਆਈ.ਆਈ.ਟੀ ਰੋਪੜ ਅਤੇ ਆਈ.ਆਈ.ਟੀ ਕਾਨਪੁਰ - ਨਾਲ ਰਣਨੀਤਕ ਸਹਿਯੋਗ ਨੂੰ ਮਜ਼ਬੂਤ ਕੀਤਾ ਏ ਤਾਂ ਜੋ ਰਾਸ਼ਟਰੀ ਰੱਖਿਆ ਐਪਲੀਕੇਸ਼ਨਾਂ ਲਈ ਸੰਯੁਕਤ ਖੋਜ, ਕਾਢਾਂ ਅਤੇ ਸਵਦੇਸ਼ੀਕਰਨ ਨੂੰ ਉਤਸ਼ਾਹਿਤ ਕੀਤਾ ਜਾ ਸਕੇ। 20 ਜੂਨ ਨੂੰ ਆਈਆਈਟੀ ਕਾਨਪੁਰ ਨੇ ਮੁੱਖ ਦਫਤਰ ਪੱਛਮੀ ਕਮਾਂਡ ਨਾਲ ਇੱਕ ਸਮਝੌਤਾ ਸਹੀਬੱਧ ਕੀਤਾ ਜਿਸਤੇ ਡਾਇਰੈਕਟਰ ਪ੍ਰੋਫੈਸਰ ਮਨਿੰਦਰਾ ਅਗਰਵਾਲ ਅਤੇ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਹਸਤਾਖਰ ਕੀਤੇ। ਇਹ

ਸਹਿਯੋਗ, ਇੰਜੀਨੀਅਰਿੰਗ, ਭੌਤਿਕ ਵਿਗਿਆਨ, ਬਾਇਓ-ਮੈਡੀਕਲ ਵਿਗਿਆਨ, ਅਤੇ ਸਾਈਬਰ ਸੁਰੱਖਿਆ ਸਮੇਤ ਕਈ ਵਿਸ਼ਿਆਂ ਬਾਰੇ ਏ। ਇਹ ਸਮਝੌਤੇ ਰਾਸ਼ਟਰੀ ਸੁਰੱਖਿਆ ਚੁਣੌਤੀਆਂ ਨੂੰ ਹੱਲ ਕਰਨ ਲਈ ਸੰਚਾਲਨ ਜ਼ਰੂਰਤਾਂ ਦੇ ਨਾਲ ਬੌਧਿਕ ਪੂੰਜੀ ਨੂੰ ਜੋੜਦੇ ਹੋਏ ਅਕਾਦਮਿਕ-ਫੌਜੀ ਭਾਈਵਾਲੀ ਲਈ ਇੱਕ ਪ੍ਰਗਤੀਸ਼ੀਲ ਖਾਕੇ ਨੂੰ ਦਰਸਾਉਂਦੇ ਨੇ।

---------------------------------------------------

ਜਲੰਧਰ ਦੇ ਭਗਤ ਸਿੰਘ ਚੌਕ ਨੇੜੇ ਇਕ ਦੁਕਾਨ ਵਿਚ ਬੀਤੀ ਰਾਤ ਅੱਗ ਲੱਗ ਲਈ। ਅੱਗ ਕਾਰਨ ਕੋਈ ਜਾਣੀ  ਨੁਕਸਾਨ ਨਹੀਂ ਹੋਇਆ। ਅੱਗ ਬੁਝਾਊ ਵਿਭਾਗ ਦੇ ਅਧਿਕਾਰੀ ਵਰਿੰਦਰ ਭਗਤ ਨੇ ਦਸਿਆ ਏ ਕਿ ਅੱਜ ਸੇਵੇਰੇ ਅੱਗ ਤੇ ਕਾਬੂ ਪਾ ਲਿਆ ਗਿਆ।

---------------------------------------------------

ਰੂਪਨਗਰ ਪੁਲਿਸ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 3 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨਾਂ ਪਾਸੋ 220 ਗ੍ਰਾਮ ਨਸ਼ੀਲਾ ਪਦਾਰਥ, ਇੱਕ ਪਿਸਤੌਲ ਅਤੇ 2 ਜਿੰਦਾ ਰੋਂਦ ਬਰਾਮਦ ਕੀਤੇ ਨੇ। ਕਾਬੂ ਕੀਤੇ ਮੁਲਜ਼ਮਾਂ ਦੀ ਪਛਾਣ ਸੁਨੀਲ ਕੁਮਾਰ, ਮਨਪ੍ਰੀਤ ਸਿੰਘ ਅਤੇ ਵੈਭਵ

ਵਜੋਂ ਹੋਈ ਏ। ਉਨ੍ਹਾਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮੁਕੱਦਮੇ ਦਰਜ਼ ਕੀਤੇ ਗਏ ਨੇ। ਐਸ.ਐਸ.ਪੀ. ਗੁਲਨੀਤ ਸਿੰਘ ਖੁਰਾਣਾ ਨੇ ਲੋਕਾਂ ਨੂੰ ਅਪੀਲ ਕੀਤੀ ਏ ਕਿ ਨਸ਼ਿਆਂ ਨੂੰ ਖਤਮ ਕਰਨ ਲਈ ਪੁਲਿਸ ਦਾ ਪੂਰਨ ਤੋਰ ਤੇ ਸਹਿਯੋਗ ਕੀਤਾ ਜਾਵੇ ।